**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

(1) ਰਾਜ ਦੇ ਸਮੂਹ ਡਿਪਟੀ ਕਮਿਸ਼ਨਰ
(2) ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ ਅਤੇ ਐ.ਸਿ), ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ(ਮੀਡੀਆ)/ਐਸ.ਐਸ.ਏ/2010/36884
ਮਿਤੀ ਚੰਡੀਗੜ੍ਹ 12.5.2010

**ਵਿਸ਼ਾ: ਸਕੂਲਾਂ ਦੇ ਸਮੇਂ ਬਾਰੇ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਵੱਧ ਰਹੀ ਗਰਮੀ ਕਾਰਨ ਵੱਖ-ਵੱਖ ਜ਼ਿਲ੍ਹਿਆਂ 'ਚੋਂ ਸਕੂਲਾਂ ਦੇ ਸਮੇਂ ਨੂੰ ਆਪਣੇ ਪੱਧਰ ਤੇ ਘਟਾਉਣ ਬਾਰੇ ਮੁੱਖ ਦਫ਼ਤਰ ਨੂੰ ਸੂਚਨਾਵਾਂ ਪ੍ਰਾਪਤ ਹੋ ਰਹੀਆਂ ਹਨ। ਇਹ ਮੁੱਦਾ ਕਾਫ਼ੀ ਵਿਸਥਾਰ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੀ ਮੀਟਿੰਗ ਵਿੱਚ ਮਾਨਯੋਗ ਸਿੱਖਿਆ ਮੰਤਰੀ ਜੀ ਦੁਆਰਾ ਮਿਤੀ 29.4.2010 ਵਿੱਚ ਵੀ ਵਿਚਾਰਿਆ ਗਿਆ ਸੀ। ਸਰਕਾਰ ਵੱਲੋਂ ਇਸ ਸਬੰਧੀ ਫੈਸਲਾ ਲਿਆ ਗਿਆ ਹੈ ਕਿ ਸਕੂਲਾਂ ਦਾ ਸਮਾਂ ਜ਼ਿਲ੍ਹਾ ਪੱਧਰ ਤੇ ਤਬਦੀਲ ਨਾ ਕੀਤਾ ਜਾਵੇ। ਫਿਰ ਵੀ ਜੇਕਰ ਲੋਕਲ ਹਾਲਤਾਂ ਨੂੰ ਦੇਖਦਿਆਂ ਸਮਾਂ ਘਟਾਉਣ ਦੀ ਲੋੜ ਪੈਂਦੀ ਹੈ ਤਾਂ ਇਸ ਤਰ੍ਹਾਂ ਕਰਨ ਤੋਂ ਪਹਿਲਾਂ ਸਿੱਖਿਆ ਵਿਭਾਗ/ਪੰਜਾਬ ਸਰਕਾਰ ਤੋਂ ਲੋੜੀਂਦਾ ਸਪੱਸ਼ਟੀਕਰਨ ਜਾਂ ਸਲਾਹ ਲੈ ਲਈ ਜਾਵੇ।

3.0 ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਬੱਚਿਆਂ ਲਈ **'ਲਾਜ਼ਮੀ ਅਤੇ ਮੁਫ਼ਤ ਵਿੱਦਿਆ ਦਾ ਅਧਿਕਾਰ ਕਾਨੂੰਨ 2009'** ਮੁਤਾਬਿਕ ਇਸ ਸਬੰਧ ਵਿੱਚ ਪ੍ਰਾਵਧਾਨ ਕੀਤਾ ਹੋਇਆ ਹੈ ਕਿ ਹਰ ਅਧਿਆਪਕ ਹਫ਼ਤੇ ਵਿੱਚ 45 ਘੰਟੇ ਬਕਾਇਦਾ ਪੜ੍ਹਾਏਗਾ। ਜੇਕਰ ਸਕੂਲਾਂ ਦਾ ਸਮਾਂ ਘਟਾ ਦਿੱਤਾ ਜਾਂਦਾ ਹੈ ਤਾਂ ਇਸ ਨਾਲ ਅਧਿਆਪਕ ਦੇ ਪੜ੍ਹਾਉਣ ਦੇ ਘੰਟੇ ਘੱਟ ਜਾਣਗੇ ਅਤੇ ਬੇਲੋੜੀ ਦੀ ਲਿਟੀਗੇਸ਼ਨ ਹੋਣ ਦਾ ਡਰ ਹੈ। ਇਸ ਦੇ ਨਾਲ ਹੀ ਆਪ ਜੀ ਨੂੰ ਇਹ ਵੀ ਲਿਖਿਆ ਜਾਂਦਾ ਹੈ ਕਿ ਸਕੂਲਾਂ ਵਿੱਚ ਬੱਚਿਆਂ ਦੇ ਪੀਣ ਲਈ ਪਾਣੀ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਵਿਦਿਆਰਥੀਆਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਾ ਹੋਵੇ।

4.0 ਇਹ ਹਦਾਇਤਾਂ ਪ੍ਰਮੁੱਖ ਸੱਕਤਰ ਸਕੂਲ ਸਿੱਖਿਆ ਅਤੇ ਮਾਨਯੋਗ ਸਿੱਖਿਆ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੀਆਂ ਜਾਂਦੀਆਂ ਹਨ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠਅੰਕਣ ਨੰ. ਉਕਤ/36885 ਮਿਤੀ 12.5.10

ਉਤਾਰਾ (1) ਡੀ.ਪੀ.ਆਈ.(ਸੈ.ਸਿ), ਪੰਜਾਬ।
(2) ਡੀ.ਪੀ.ਆਈ.(ਐ.ਸਿ), ਪੰਜਾਬ।
(3) ਸਮੂਹ ਮੰਡਲ ਸਿੱਖਿਆ ਅਫ਼ਸਰ, ਨਾਭਾ, ਜਲੰਧਰ ਅਤੇ ਫਰੀਦਕੋਟ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**